ਗੂਜਰੀ ਸ੍ਰੀ ਤ੍ਰਿਲੋਚਨ ਜੀਉ ਕੇ ਪਦੇ ਘਰੁ੧ ੴ ਸਤਿਗੁਰ ਪ੍ਰਸਾਦਿ ॥ ਅੰਤਰੁ ਮਲਿ ਨਿਰਮਲੁ ਨਹੀ ਕੀਨਾ ਬਾਹਰਿ ਭੇਖ ਉਦਾਸੀ ॥ ਹਿਰਦੈ ਕਮਲੁ ਘਟਿ ਬ੍ਰਹਮੁ ਨ ਚੀਨ੍ਹਾ ਕਾਹੇ ਭਇਆ ਸੰਨਿਆਸੀ ॥੧॥ ਭਰਮੇ ਭੂਲੀ ਰੇ ਜੈ ਚੰਦਾ ॥ ਨਹੀ ਨਹੀ ਚੀਨ੍ਹਿਆ ਪਰਮਾਨੰਦਾ ॥ ੧॥ ਰਹਾਉ ॥ ਘਰਿ ਘਰਿ ਖਾਇਆ ਪਿੰਡੁ ਬਧਾਇਆ ਖਿੰਥਾ ਮੁੰਦਾ ਮਾਇਆ ॥ ਭੂਮਿ ਮਸਾਣ ਕੀ ਭਸਮ ਲਗਾਈ ਗੁਰ ਬਿਨੁ ਤਤੁ ਨ ਪਾਇਆ ॥ ੨॥ ਕਾਇ ਜਪਹੁ ਰੇ ਕਾਇ ਤਪਹੁ ਰੇ ਕਾਇ ਬਿਲੋਵਹੁ ਪਾਣੀ ॥ ਲਖ ਚਉਰਾਸੀਹ ਜਿਨ੍ਹਿ ਉਪਾਈ ਸੋ ਸਿਮਰ ਹੁ ਨਿਰਬਾਣੀ ॥ ੩॥ ਕਾਇ ਕਮੰਡਲੁ ਕਾਪੜੀਆ ਰੇ ਅਠਸਠਿ ਕਾਇ ਫਿਰਾਹੀ ॥ ਬਦਤਿ ਤ੍ਰਿਲੋਚਨੁ ਸੁਨੁ ਰੇ ਪ੍ਰਾਣੀ ਕਣ ਬਿਨੁ ਗਾਹੁ ਕਿ ਪਾਹੀ ॥੪॥੧॥ {ਪੰਨਾ 525-526}

ਪਦਅਰਥ:- ਅੰਤਰੁ—ਅੰਦਰਲਾ (ਮਨ) {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਣ'}। ਮਲਿ—ਮਲ ਵਾਲਾ, ਮਲੀਨ {ਨੋਟ:- ਲਫ਼ਜ਼ 'ਮਲੁ' ਵਿਆਕਰਣ ਅਨੁਸਾਰ 'ਨਾਂਵ' ਹੈ, ਇਸ ਤੋਂ ਲਫ਼ਜ਼ 'ਮਲਿ' ਵਿਸ਼ੇਸ਼ਣ} ਹੈ। ਕੀਨਾ—ਕੀਤਾ। ਭੇਖ—ਧਾਰਮਿਕ ਲਿਬਾਸ। ਉਦਾਸੀ—ਵਿਰਕਤ, ਜਗਤ ਵਲੋਂ ਉਪਰਾਮ। ਹਿਰਦੈ ਕਮਲੁ ਨ ਚੀਨ੍ਹਾ—ਹਿਰਦੇ ਦਾ ਕਉਲ-ਫੁੱਲ ਨਹੀਂ ਪਛਾਣਿਆ। ਘਟਿ—ਘਟ ਵਿਚ, ਹਿਰਦੇ ਵਿਚ।1।

ਰੇ—ਹੇ ਭਾਈ! ਨਹੀ ਨਹੀ—ਬਿਲਕੁਲ ਨਹੀਂ। ਚੀਨ੍ਹਿਆ—ਪਛਾਣਿਆ। ਪਰਮਾਨੰਦ—ਸਭ ਤੋਂ ਸ੍ਰੇਸ਼ਟ ਆਨੰਦ ਦੇ ਮਾਲਕ ਪ੍ਰਭੂ ਨੂੰ।1। ਰਹਾਉ।

ਘਰਿ ਘਰਿ—ਹਰੇਕ ਘਰ ਵਿਚ, ਹਰੇਕ ਘਰ ਤੋਂ, ਘਰ ਘਰ ਤੋਂ। ਪਿੰਡੁ—ਸਰੀਰ। ਬਧਾਇਆ—ਮੋਟਾ ਕਰ ਲਿਆ। ਖਿੰਥਾ—ਗੋਦੜੀ। ਮਸਾਣ ਭੂਮਿ—ਉਹ ਧਰਤੀ ਜਿਥੇ ਮੁਰਦੇ ਸਾੜੀਦੇ ਹਨ। ਭਸਮ—ਸੁਆਹ। ਤਤੁ—ਅਸਲੀਅਤ।2।

ਕਾਇ—ਕਾਹਦੇ ਲਈ? ਜਪਹੁ—ਜਪ ਕਰਦੇ ਹੋ। ਰੇ—ਹੇ ਭਾਈ! ਬਿਲੋਵਹੁ—ਰਿੜਕਦੇ ਹੋ। ਜਿਨਿ—ਜਿਸ (ਪ੍ਰਭੂ) ਨੇ। ਨਿਰਬਾਣੀ—ਵਾਸ਼ਨਾ-ਰਹਿਤ ਪ੍ਰਭੂ।3।

ਕਮੰਡਲੁ—{ਸੰ: km&fl} ਮਿੱਟੀ ਜਾਂ ਲੱਕੜ ਦਾ ਪਿਆਲਾ ਆਦਿਕ ਜੋ ਸਾਧੂ ਲੋਕ ਪਾਣੀ ਪੀਣ ਲਈ ਪਾਸ ਰੱਖਦੇ ਹਨ, ਖੱਪਰ। ਕਾਪੜੀਆ—ਟਾਕੀਆਂ ਦੀ ਬਣੀ ਹੋਈ ਗੋਦੜੀ ਪਹਿਨਣ ਵਾਲਾ। ਕਣ—ਅੰਨ ਦੇ ਦਾਣੇ। ਰੇ—ਹੇ ਭਾਈ! ਹੇ ਜੈ ਚੰਦ! ਅਠਸਠਿ—ਅਠਾਹਠ ਤੀਰਥ। ਬਦਤਿ—ਆਖਦਾ ਹੈ। ਕਣ—ਦਾਣੇ। ਕਿ—ਕਾਹਦੇ ਲਈ?।4।

ਅਰਥ:- ਜੇ (ਕਿਸੇ ਮਨੁੱਖ ਨੇ) ਅੰਦਰਲਾ ਮਲੀਨ (ਮਨ) ਸਾਫ਼ ਨਹੀਂ ਕੀਤਾ, ਪਰ ਬਾਹਰ (ਸਰੀਰ ਉਤੇ) ਸਾਧੂਆਂ ਵਾਲਾ ਬਾਣਾ ਪਾਇਆ ਹੋਇਆ ਹੈ, ਜੇ ਉਸ ਨੇ ਆਪਣੇ ਹਿਰਦੇ-ਰੂਪ ਕਉਲ ਨੂੰ ਨਹੀਂ ਪਰਖਿਆ, ਜੇ ਉਸ ਨੇ ਆਪਣੇ ਅੰਦਰ ਪਰਮਾਤਮਾ ਨਹੀਂ ਵੇਖਿਆ, ਤਾਂ ਸੰਨਿਆਸ ਧਾਰਨ ਕਰਨ ਦਾ ਕੋਈ ਲਾਭ ਨਹੀਂ।1।

ਹੇ ਜੈ ਚੰਦ! ਸਾਰੀ ਲੋਕਾਈ (ਇਸੇ ਭੁਲੇਖੇ ਵਿਚ) ਭੁੱਲੀ ਪਈ ਹੈ (ਕਿ ਨਿਰਾ ਫ਼ਕੀਰੀ ਭੇਖ ਧਾਰਿਆਂ ਪਰਮਾਤਮਾ ਮਿਲ ਪੈਂਦਾ ਹੈ, ਪਰ ਇਹ ਗ਼ਲਤ ਹੈ, ਇਸ ਤਰ੍ਹਾਂ) ਪਰਮਾਨੰਦ ਪ੍ਰਭੂ ਦੀ ਸੋਝੀ ਕਦੇ ਭੀ ਨਹੀਂ ਪੈਂਦੀ।1। ਰਹਾਉ।

(ਜਿਸ ਮਨੁੱਖ ਨੇ) ਘਰ ਘਰ ਤੋਂ (ਮੰਗ ਕੇ ਟੁੱਕਰ) ਖਾ ਲਿਆ, (ਆਪਣੇ) ਸਰੀਰ ਨੂੰ ਚੰਗਾ ਪਾਲ ਲਿਆ, ਗੋਦੜੀ ਪਹਿਨ ਲਈ, ਮੁੰਦ੍ਰਾਂ ਭੀ ਪਾ ਲਈਆਂ, (ਪਰ ਸਭ ਕੁਝ) ਮਾਇਆ ਦੀ ਖ਼ਾਤਰ ਹੀ (ਕੀਤਾ), ਮਸਾਣਾਂ ਦੀ ਧਰਤੀ ਦੀ ਸੁਆਹ ਭੀ (ਪਿੰਡੇ) ਮਲ ਲਈ, ਪਰ ਜੇ ਉਹ ਗੁਰੂ ਦੇ ਰਾਹ ਤੇ ਨਹੀਂ ਤੁਰਿਆ ਤਾਂ ਇਸ ਤਰ੍ਹਾਂ ਤੱਤ ਦੀ ਪ੍ਰਾਪਤੀ ਨਹੀਂ ਹੁੰਦੀ।2।

(ਹੇ ਭਾਈ!) ਕਿਉਂ (ਗਿਣੇ ਮਿਥੇ) ਜਪ ਕਰਦੇ ਹੋ? ਕਿਉਂ ਤਪ ਸਾਧਦੇ ਹੋ? ਕਾਹਦੇ ਲਈ ਪਾਣੀ ਰਿੜਕਦੇ ਹੋ? (ਹਠ ਨਾਲ ਕੀਤੇ ਹੋਏ ਇਹ ਸਾਧਨ ਤਾਂ ਪਾਣੀ ਰਿੜਕਣ ਸਮਾਨ ਹਨ); ਉਸ ਵਾਸ਼ਨਾ-ਰਹਿਤ ਪ੍ਰਭੂ ਨੂੰ (ਹਰ ਵੇਲੇ) ਯਾਦ ਕਰੋ, ਜਿਸ ਨੇ ਚੌਰਾਸੀ ਲੱਖ (ਜੋਨਿ ਵਾਲੀ ਸ੍ਰਿਸ਼ਟੀ) ਪੈਦਾ ਕੀਤੀ ਹੈ।3।

ਹੇ ਕਾਪੜੀਏ! (ਹੱਥ ਵਿਚ) ਖੱਪਰ ਫੜਨ ਦਾ ਕੋਈ ਲਾਭ ਨਹੀਂ। ਅਠਾਹਠ ਤੀਰਥਾਂ ਤੇ ਭਟਕਣ ਦਾ ਭੀ ਕੋਈ ਲਾਭ ਨਹੀਂ। ਤ੍ਰਿਲੋਚਨ ਆਖਦਾ ਹੈ—ਹੇ ਬੰਦੇ! ਸੁਣ; ਜੇ (ਭਰੀਆਂ ਵਿਚ) ਅੰਨ ਦੇ ਦਾਣੇ ਨਹੀਂ, ਤਾਂ ਗਾਹ ਪਾਣ ਦਾ ਕੋਈ ਲਾਭ ਨਹੀਂ।4।1।